**16ਵੀਂ ਪੰਜਾਬ ਵਿਧਾਨ ਸਭਾ** **ਪੰਜਾਬ ਵਿਧਾਨ ਸਭਾ ਸਕੱਤਰੇਤ**

**ਤੇਰ੍ਹਵਾਂ ਸਮਾਗਮ, 2026** **ਬੁਲੇਟਿਨ ਨੰ: 08**

**ਸ਼ੁੱਕਰਵਾਰ, 23 ਅਕਤੂਬਰ, 2026**

(10.00 ਵਜੇ ਪੂਰਵ ਦੁਪਹਿਰ ਤੋਂ 01.37 ਵਜੇ ਬਾਅਦ ਦੁਪਹਿਰ ਤੱਕ)

**1. ਪ੍ਰਸ਼ਨ**

**(ੳ) ਨਿਸ਼ਾਨ ਵਾਲੇ ਪ੍ਰਸ਼ਨ :**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 12 | 5 | - | 3 | 14 |

**(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 09**

**2. ਮਾਣਯੋਗ ਸਪੀਕਰ ਦੁਆਰਾ ਰੂਲਿੰਗ**

ਮਾਣਯੋਗ ਸਪੀਕਰ ਵੱਲੋਂ ਹੇਠ ਲਿਖੇ ਅਨੁਸਾਰ ਰੂਲਿੰਗ ਦਿੱਤੀ ਗਈ:

"ਮੈਂ ਸਾਰੇ ਮਾਣਯੋਗ ਮੈਂਬਰ ਸਾਹਿਬ ਨੂੰ ਬੇਨਤੀ ਕਰਦਾ ਹਾਂ ਕਿ ਸ਼ਬਦਾਂ ਦੀ ਮਰਿਆਦਾ ਰੱਖੀ ਜਾਵੇ ਕਿਉਂਕਿ ਪੰਜਾਬ ਦੇ ਲੋਕਾਂ ਨੇ ਸਭ ਤੋਂ ਉੱਤਮ ਸਖਸ਼ੀਅਤਾਂ ਸਮਝ ਕੇ ਆਪਾਂ ਨੂੰ ਇਸ ਅਜ਼ੀਮ ਸਦਨ ਵਿਚ ਭੇਜਿਆ ਹੈ। ਇਸ ਕਰਕੇ ਮੇਰੀ ਹਰੇਕ ਮਾਣਯੋਗ ਮੈਂਬਰ ਤੋਂ ਇਹ ਤਵੱਕੋ ਹੈ ਕਿ ਉਹ ਆਪਣੇ ਸ਼ਬਦਾਂ ਵਿਚ ਸ਼ਾਲੀਨਤਾ ਰੱਖੇ ਕਿਉਂਕਿ ਤੁਸੀਂ ਆਪਣੇ ਆਪਣੇ ਹਲਕੇ ਦੇ ਨੌਜੁਆਨਾਂ ਲਈ, ਬੱਚਿਆਂ ਲਈ, ਬੱਚੀਆਂ ਲਈ ਰੋਲ ਮਾਡਲ ਹੋ। ਕਿਤੇ ਐਸਾ ਨਾ ਹੋਵੇ ਕਿ ਤੁਹਾਡੇ ਸ਼ਬਦਾਂ ਦੀ ਚੋਣ ਕਰਕੇ ਤੁਸੀਂ ਸਾਡੀ ਆਉਣ ਵਾਲੀ ਪੀੜ੍ਹੀ ਦੀਆਂ ਨਜ਼ਰਾਂ ਤੋਂ ਡਿੱਗ ਜਾਓ।"

**3. ਮਾਣਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਣਯੋਗ ਸਪੀਕਰ ਵੱਲੋਂ ਵੱਖ-ਵੱਖ ਸਮੇਂ ਤੇ ਨਿਮਨਲਿਖਤ ਦੇ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ-

1. ਸੀ.ਟੀ. ਗੁਰੱਪ ਆਫ਼ ਇੰਸਟੀਚਿਊਸ਼ਨਜ਼, ਸ਼ਾਹਪੁਰ, ਜਲੰਧਰ, ਪੰਜਾਬ ਦੇ ਵਿਦਿਆਰਥੀ;
2. ਕੈਲੀਫੋਰਨੀਆ ਪਬਲਿਕ ਸਕੂਲ, ਖੁਖਰਾਣਾ, ਮੋਗਾ ਦੇ ਵਿਦਿਆਰਥੀ;
3. ਕੋਟਕਪੂਰੇ, ਫਰੀਦਕੋਟ ਅਤੇ ਨਾਲ ਲੱਗਦੇ ਕੋਟਕਪੂਰਾ ਦੇ ਕਸਬਿਆਂ ਅਤੇ ਪਿੰਡਾਂ ਤੋਂ ਆਏ ਹਲਕਾਵਾਸੀ;
4. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮੋਰਾਂਵਾਲੀ, ਜ਼ਿਲ੍ਹਾ ਫ਼ਰੀਦਕੋਟ, ਪੰਜਾਬ ਦੇ ਵਿਦਿਆਰਥੀ ਅਤੇ ਅਧਿਆਪਕ ਅਤੇ ਉਨ੍ਹਾਂ ਦੇ ਨਾਲ ਆਏ ਪ੍ਰਸਿੱਧ ਪੰਜਾਬੀ ਸ਼ਾਇਰ ਡਾ. ਦੇਵਿੰਦਰ ਸੈਫ਼ੀ;

**4. ਵਾਕ ਆਊਟ**

ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਆਪਣੇ ਹੱਥਾਂ ਵਿੱਚ ਫੜੇ ਹੋਏ ਬੈਨਰ ਅਤੇ ਪੋਸਟਰ ਵੈੱਲ ਆਫ ਦਿ ਹਾਊਸ ਵਿੱਚੋਂ ਚੇਅਰ ਵੱਲ ਸੁੱਟਦੇ ਹੋਏ, ਮਾਣਯੋਗ ਮੁੱਖ ਮੰਤਰੀ ਜੀ ਦੇ ਅਸਤੀਫੇ ਦੀ ਮੰਗ ਕਰਦਿਆਂ ਸਦਨ ਵਿੱਚੋਂ ਵਾਕ ਆਊਟ ਕਰ ਗਏ।

5. **<u>ਸਰਦਾਰ ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਮੈਂਬਰ ਨੂੰ ਮੁੱਅਤਲ ਕਰਨ ਸਬੰਧੀ ਪ੍ਰਸਤਾਵ</u>**

ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ ਵੱਲੋਂ ਨਿਮਨਲਿਖਤ ਪ੍ਰਸਤਾਵ ਸਦਨ ਵਿੱਚ ਪੇਸ਼ ਕੀਤਾ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਕਿ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 97(2) ਦੇ ਅਨੁਸਾਰ ਸਰਦਾਰ ਸੁਖਪਾਲ ਸਿੰਘ ਖਹਿਰਾ, ਮੈਂਬਰ ਨੇ ਚੇਅਰ ਦੇ ਵਾਰ-ਵਾਰ ਮਨ੍ਹਾਂ ਕਰਨ ਦੇ ਬਾਵਜੂਦ ਹਾਊਸ ਦੇ ਵੈੱਲ ਵਿੱਚ ਆਏ, ਚੇਅਰ ਦੇ ਖਿਲਾਫ਼ ਭੱਦੀ ਸ਼ਬਦਾਵਲੀ ਦਾ ਇਸਤੇਮਾਲ ਕੀਤਾ, ਸਦਨ ਦੇ ਕੀਮਤੀ ਸਮੇਂ ਨੂੰ ਜ਼ਾਇਆ ਕੀਤਾ ਅਤੇ ਚੇਅਰ ਦੇ ਹੁਕਮਾਂ ਦੀ ਪਰਵਾਹ ਨਹੀਂ ਕੀਤੀ। ਇਸ ਤਰ੍ਹਾਂ ਕਰਕੇ ਉਨ੍ਹਾਂ ਨੇ ਜਾਣ ਬੁੱਝ ਕੇ ਸਦਨ ਦੀ ਕਾਰਵਾਈ ਵਿੱਚ ਵਿਘਨ ਪਾਇਆ ਹੈ। ਇਸ ਲਈ ਸਰਦਾਰ ਸੁਖਪਾਲ ਸਿੰਘ ਖਹਿਰਾ, ਮੈਂਬਰ ਨੂੰ ਪੰਜਾਬ ਵਿਧਾਨ ਸਭਾ ਦੇ ਇਸ ਇਜਲਾਸ ਦੇ ਰਹਿੰਦੇ ਸਮੇਂ ਲਈ ਮੁਅੱਤਲ ਕੀਤਾ ਜਾਵੇ।"

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਪਸ੍ਰਤਾਵ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ | 03 ਮਿੰਟ |
| 2. | ਸਰਦਾਰ ਤਰੁਨਪ੍ਰੀਤ ਸਿੰਘ ਸੌਂਦ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ | 02 ਮਿੰਟ |
| 3. | ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 4. | ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਆਮ ਆਦਮੀ ਪਾਰਟੀ | 02 ਮਿੰਟ |

6. **<u>ਧਿਆਨ ਦਿਵਾਊ ਨੋਟਿਸ</u>**

1. ਸ਼੍ਰੀ ਰਜਨੀਸ਼ ਕੁਮਾਰ ਦਹੀਯਾ, ਐਮ.ਐੱਲ.ਏ ਵੱਲੋਂ ਸਰਕਾਰ ਦਾ ਧਿਆਨ ਫ਼ਿਰੋਜ਼ਪੁਰ ਦਿਹਾਤੀ ਵਿਧਾਨ ਸਭਾ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹਜ਼ਾਰਾ ਸਿੰਘ ਵਾਲਾ ਨੂੰ ਜਾਂਦੀ ਸੜਕ ਦੀ ਖਸਤਾ ਹਾਲਤ ਵੱਲ ਦਿਵਾਇਆ ਗਿਆ।

( ਨੰ:33)

ਲੋਕ ਨਿਰਮਾਣ (ਭ ਤ ਮ) ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

2. ਸ਼੍ਰੀ ਜਗਦੀਪ ਕੰਬੋਜ ਗੋਲਡੀ, ਐਮ.ਐੱਲ.ਏ ਵੱਲੋਂ ਸਰਕਾਰ ਦਾ ਧਿਆਨ ਫ਼ਿਰੋਜ਼ਪੁਰ-ਜਲਾਲਾਬਾਦ-ਫਾਜ਼ਿਲਕਾ ਰੂਟ ਤੇ ਸਰਕਾਰੀ ਟਰਾਂਸਪੋਰਟ ਦੀ ਘਾਟ ਵੱਲ ਦਿਵਾਇਆ ਗਿਆ।

(ਨੰ. 38)

ਵਿੱਤ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

3. ਸਰਦਾਰ ਕੁਲਜੀਤ ਸਿੰਘ ਰੰਧਾਵਾ, ਐਮ.ਐੱਲ.ਏ ਵੱਲੋਂ ਸਰਕਾਰ ਦਾ ਧਿਆਨ ਵਿਧਾਨ ਸਭਾ ਹਲਕਾ ਡੇਰਾਬਸੀ ਵਿੱਚ ਨਹਿਰੀ ਪਾਣੀ ਦੀ ਸਪਲਾਈ ਨਾ ਹੋਣ ਵੱਲ ਦਿਵਾਇਆ ਗਿਆ।

(ਨੰ. 40)

ਜਲ ਸਰੋਤ ਮੰਤਰੀ ਅਤੇ ਮਾਣਯੋਗ ਮੁੱਖ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

**7. <u>ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰ</u>**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: 3 ਅਧੀਨ ਦਰਸਾਏ ਗਏ 1 ਤੋਂ 11 ਤੱਕ ਦੇ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

**8. <u>ਸਰਕਾਰੀ ਮਤਾ</u>**

ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ ਵੱਲੋਂ ਹੇਠ ਲਿਖਿਆ ਸਰਕਾਰੀ ਮਤਾ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਜਦੋਂ ਕਿ, ਭਾਰਤ ਦਾ ਲੋਕਤੰਤਰ ਸੰਵਿਧਾਨ ਵਿੱਚ ਦਰਜ ਸਮਾਨਤਾ, ਨਿਆਂ ਅਤੇ ਲੋਕਾਂ ਦੀ ਸਰਬਉੱਚਤਾ ਦੇ ਸਿਧਾਂਤਾਂ 'ਤੇ ਆਧਾਰਿਤ ਹੈ ਅਤੇ ਵੋਟ ਦਾ ਅਧਿਕਾਰ ਲੋਕਤੰਤਰੀ ਪ੍ਰਣਾਲੀ ਦੀ ਬੁਨਿਆਦ ਹੈ;

ਅਤੇ ਜਦੋਂ ਕਿ, ਭਾਰਤੀ ਸੰਵਿਧਾਨ ਦੀਆਂ ਧਾਰਾਵਾਂ 324, 325 ਅਤੇ 326 ਚੋਣ ਪ੍ਰਕਿਰਿਆ ਦੀ ਨਿਗਰਾਨੀ, ਵੋਟਰ ਸੂਚੀਆਂ ਵਿੱਚ ਭੇਦਭਾਵ ਤੋਂ ਸੁਰੱਖਿਆ ਅਤੇ ਬਾਲਗ ਮਤਾਧਿਕਾਰ ਦੇ ਸਿਧਾਂਤਾਂ ਨੂੰ ਯਕੀਨੀ ਬਣਾਉਂਦੀਆਂ ਹਨ;

ਅਤੇ ਜਦੋਂ ਕਿ, ਦੇਸ਼ ਭਰ ਵਿੱਚ ਵੱਡੀ ਗਿਣਤੀ ਵਿੱਚ ਨਾਗਰਿਕਾਂ ਦੇ ਨਾਂ ਵੋਟਰ ਸੂਚੀਆਂ ਵਿੱਚੋਂ ਹਟਾਏ ਜਾਣ ਅਤੇ ਯੋਗ ਵੋਟਰਾਂ ਦੇ ਵੋਟ ਦੇ ਅਧਿਕਾਰ ਤੋਂ ਵਾਂਝੇ ਹੋਣ ਸਬੰਧੀ ਗੰਭੀਰ ਇਤਰਾਜ਼ ਅਤੇ ਸ਼ਿਕਾਇਤਾਂ ਸਾਹਮਣੇ ਆਈਆਂ ਹਨ, ਜਿਸ ਨਾਲ ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ, ਨਿਰਪੱਖਤਾ ਅਤੇ ਚੋਣ ਕਮਿਸ਼ਨ ਦੀ ਜਵਾਬਦੇਹੀ ਬਾਰੇ ਸਵਾਲ ਉੱਠੇ ਹਨ;

ਅਤੇ ਜਦੋਂ ਕਿ, ਮੁੱਖ ਚੋਣ ਕਮਿਸ਼ਨਰ ਸ੍ਰੀ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਚੋਣ ਕਮਿਸ਼ਨ ਦੇ ਕੰਮਕਾਜ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਫ਼ੈਸਲਿਆਂ ਬਾਰੇ ਉੱਠੇ ਇਤਰਾਜ਼ਾਂ ਦੀ ਨਿਰਪੱਖ ਜਾਂਚ ਅਤੇ ਜਵਾਬਦੇਹੀ ਤੈਅ ਕਰਨਾ ਲੋਕਤੰਤਰ ਦੇ ਹਿੱਤ ਵਿੱਚ ਜ਼ਰੂਰੀ ਹੈ।

ਇਸ ਲਈ, ਪੰਜਾਬ ਵਿਧਾਨ ਸਭਾ ਇਹ ਮਤਾ ਪਾਸ ਕਰਦੀ ਹੈ ਕਿ:

1. ਇਹ ਸਦਨ ਨਾਗਰਿਕਾਂ ਨੂੰ ਉਨ੍ਹਾਂ ਦੇ ਵੋਟ ਦੇ ਅਧਿਕਾਰ ਤੋਂ ਕਥਿਤ ਤੌਰ 'ਤੇ ਵਾਂਝਾ ਕੀਤੇ ਜਾਣ ਦੀਆਂ ਘਟਨਾਵਾਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਾ ਹੈ ਅਤੇ ਮੰਗ ਕਰਦਾ ਹੈ ਕਿ ਸਾਰੇ ਯੋਗ ਨਾਗਰਿਕਾਂ ਦੇ ਵੋਟ ਦੇ ਅਧਿਕਾਰ ਦੀ ਸੰਵਿਧਾਨਕ ਸੁਰੱਖਿਆ ਯਕੀਨੀ ਬਣਾਈ ਜਾਵੇ।

2. ਇਹ ਸਦਨ ਮੁੱਖ ਚੋਣ ਕਮਿਸ਼ਨਰ ਸ੍ਰੀ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਚੋਣ ਪ੍ਰਕਿਰਿਆ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਕਥਿਤ ਬੇਨਿਯਮੀਆਂ ਦੀ ਜਾਂਚ ਲਈ ਇੱਕ ਸੁਤੰਤਰ, ਨਿਰਪੱਖ ਅਤੇ ਭਰੋਸੇਯੋਗ ਜਾਂਚ ਤੰਤਰ ਸਥਾਪਤ ਕਰਨ ਦੀ ਮੰਗ ਕਰਦਾ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਜਵਾਬਦੇਹੀ ਤੈਅ ਹੋ ਸਕੇ।

3. ਇਹ ਸਦਨ ਮੰਗ ਕਰਦਾ ਹੈ ਕਿ ਜੇਕਰ ਜਾਂਚ ਦੌਰਾਨ ਕਿਸੇ ਵੀ ਵਿਅਕਤੀ ਵਿਰੁੱਧ ਅਪਰਾਧਿਕ ਉਲੰਘਣਾ ਦੇ ਪੁਖ਼ਤਾ ਸਬੂਤ ਸਾਹਮਣੇ ਆਉਂਦੇ ਹਨ, ਤਾਂ ਉਸ ਵਿਰੁੱਧ ਲਾਗੂ ਕਾਨੂੰਨ ਅਨੁਸਾਰ ਅਪਰਾਧਿਕ ਕਾਰਵਾਈ ਸ਼ੁਰੂ ਕੀਤੀ ਜਾਵੇ।

4. ਇਹ ਸਦਨ ਕੇਂਦਰ ਸਰਕਾਰ ਅਤੇ ਸਬੰਧਤ ਸੰਵਿਧਾਨਕ ਅਥਾਰਟੀਆਂ ਨੂੰ ਅਪੀਲ ਕਰਦਾ ਹੈ ਕਿ ਚੋਣ ਕਮਿਸ਼ਨ ਦੀ ਆਜ਼ਾਦੀ, ਨਿਰਪੱਖਤਾ ਅਤੇ ਜਵਾਬਦੇਹੀ ਯਕੀਨੀ ਬਣਾਈ ਜਾਵੇ ਅਤੇ ਇਸ ਮਤੇ ਦੀ ਕਾਪੀ ਭਾਰਤ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਮੁੱਖ ਚੋਣ ਕਮਿਸ਼ਨਰ ਨੂੰ ਅਗਲੀ ਢੁੱਕਵੀਂ ਕਾਰਵਾਈ ਲਈ ਭੇਜੀ ਜਾਵੇ।

5. ਬਾਬਾ ਸਾਹਿਬ ਅੰਬੇਦਕਰ ਨੇ ਸੰਵਿਧਾਨ ਰਾਹੀਂ ਭਾਰਤ ਦੇ ਹਰ ਨਾਗਰਿਕ ਨੂੰ ਵੋਟ ਕਰਨ ਦਾ ਬਰਾਬਰਤਾ ਦਾ ਅਧਿਕਾਰ ਦਿੱਤਾ ਸੀ ਪਰ ਗਿਆਨੇਸ਼ ਕੁਮਾਰ ਨੇ ਸੰਵਿਧਾਨ ਦੀਆਂ ਧੱਜੀਆਂ ਉਡਾਉਂਦੇ ਹੋਏ ਭਾਰਤ ਦੇ ਨਾਗਰਿਕਾਂ ਤੋਂ ਇਹ ਅਧਿਕਾਰ ਖੋਹਣ ਦਾ ਕੰਮ ਕੀਤਾ ਹੈ।

ਇਹ ਸਦਨ ਦ੍ਰਿੜ੍ਹਤਾ ਨਾਲ ਦੁਹਰਾਉਂਦਾ ਹੈ ਕਿ ਲੋਕਤੰਤਰ ਵਿੱਚ ਹਰੇਕ ਯੋਗ ਨਾਗਰਿਕ ਦੀ ਵੋਟ ਕੀਮਤੀ ਹੈ। ਕਿਸੇ ਵੀ ਨਾਗਰਿਕ ਨੂੰ ਗ਼ੈਰ-ਕਾਨੂੰਨੀ ਢੰਗ ਨਾਲ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨਾ ਸੰਵਿਧਾਨਕ ਲੋਕਤੰਤਰ ਦੀਆਂ ਬੁਨਿਆਦੀ ਕਦਰਾਂ-ਕੀਮਤਾਂ ਦੇ ਵਿਰੁੱਧ ਹੈ। ਲੋਕਾਂ ਦੇ ਵੋਟ ਦੇ ਅਧਿਕਾਰ ਦੀ ਰਾਖੀ ਅਤੇ ਚੋਣ ਸੰਸਥਾਵਾਂ ਦੀ ਜਵਾਬਦੇਹੀ ਯਕੀਨੀ ਬਣਾਉਣਾ ਦੇਸ਼ ਦੇ ਲੋਕਤੰਤਰ ਦੀ ਰਾਖੀ ਲਈ ਲਾਜ਼ਮੀ ਹੈ।''

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਸਰਕਾਰੀ ਮਤੇ ਤੇ ਹੋਈ ਬਹਿਸ ਵਿੱਚ ਉਨ੍ਹਾਂ ਦੇ ਨਾਂ ਸਾਹਮਣੇ ਦਰਸਾਏ ਸਮੇਂ ਅਨੁਸਾਰ ਹਿੱਸਾ ਲਿਆ:-

| | | |
|---|---|---|
| **1.** | ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ | 03 ਮਿੰਟ |
| 2. | ਸ੍ਰੀਮਤੀ ਇੰਦਰਜੀਤ ਕੌਰ ਮਾਨ, ਆਮ ਆਦਮੀ ਪਾਰਟੀ | 08 ਮਿੰਟ |
| **3.** | ਡਾ. ਇਸ਼ਾਂਕ ਕੁਮਾਰ ਚੱਬੇਵਾਲ, ਆਮ ਆਦਮੀ ਪਾਟੀ | 04 ਮਿੰਟ |
| 4. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| **5.** | ਡਾ. ਅਮਨਦੀਪ ਕੌਰ ਅਰੋੜਾ, ਆਮ ਆਦਮੀ ਪਾਰਟੀ | 04 ਮਿੰਟ |
| **6.** | ਸਰਦਾਰ ਰੁਪਿੰਦਰ ਸਿੰਘ, ਆਮ ਆਦਮੀ ਪਾਰਟੀ | 07 ਮਿੰਟ |
| **7.** | ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 05 ਮਿੰਟ |
| 8. | ਸ੍ਰੀ ਅਮਨਸ਼ੇਰ ਸਿੰਘ (ਸ਼ੈਰੀ ਕਲਸੀ), ਆਮ ਆਦਮੀ ਪਾਰਟੀ | 03 ਮਿੰਟ |
| **9.** | ਪ੍ਰੋਫੈਸਰ ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 06 ਮਿੰਟ |
| **10.** | ਸ੍ਰੀ ਅਮੋਲਕ ਸਿੰਘ, ਆਮ ਆਦਮੀ ਪਾਰਟੀ | 06 ਮਿੰਟ |
| **11.** | ਸ੍ਰੀ ਅਮਨ ਅਰੋੜਾ, ਨਵ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ | 12 ਮਿੰਟ |

ਮਾਣਯੋਗ ਮੁੱਖ ਮੰਤਰੀ ਉਪਰੋਕਤ ਸਰਕਾਰੀ ਮਤੇ ਤੇ ਬਹਿਸ ਦਾ ਜਵਾਬ ਦਿੰਦੇ ਹੋਏ 21 ਮਿੰਟਾਂ ਲਈ ਬੋਲੇ।

ਮਾਣਯੋਗ ਡਿਪਟੀ ਸਪੀਕਰ ਨੇ 11.37 ਵਜੇ (ਪੂ. ਦੁ) ਤੋਂ 12.33 ਵਜੇ (ਬਾ. ਦੁ) ਤੱਕ ਪ੍ਰਧਾਨਗੀ ਦੀ ਕੁਰਸੀ ਸੰਭਾਲੀ।

ਉਪਰੰਤ ਸਦਨ ਦੀ ਸਹਿਮਤੀ ਨਾਲ ਸਦਨ ਮੰਗਲਵਾਰ, ਮਿਤੀ 27 ਅਕਤੂਬਰ, 2026 ਦੇ 11.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ੍ਹ** — **ਰਾਮ ਲੋਕ ਖਟਾਣਾ,**

**23 ਅਕਤੂਬਰ, 2026** — **ਸਕੱਤਰ**

**ਪੰਜਾਬ ਵਿਧਾਨ ਸਭਾ**